# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 18-01-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵੀਡੀਓ ਕਾਨਫਰੰਸ ਰਾਹੀਂ, ਸਵਾਮਿਤਵ ਯੋਜਨਾ ਤਹਿਤ 65 ਲੱਖ ਤੋਂ ਵੱਧ ਸੰਪਤੀ ਕਾਰਡ ਤਕਸੀਮ ਕੀਤੇ । ਇਹ ਸਮਾਗਮ ਪੰਜਾਬ ਅਤੇ 2 ਕੇਂਦਰ ਸ਼ਾਸਤ ਪ੍ਰਦੇਸ਼ਾਂ - ਜੰਮੂ-ਕਸ਼ਮੀਰ ਅਤੇ ਲੱਦਾਖ ਸਮੇਤ 10 ਸੂਬਿਆਂ ਵਿੱਚ ਫੈਲੇ 50 ਹਜ਼ਾਰ ਤੋਂ ਵੱਧ ਪਿੰਡਾਂ ਵਿੱਚ ਲਗਭਗ 65 ਲੱਖ ਸਵਾਮੀਤਵ ਸੰਪਤੀ ਕਾਰਡਾਂ ਦੀ ਵੰਡ ਦਾ ਗਵਾਹ ਬਣਿਆ । ਇਹ ਵੰਡ ,ਭਾਰਤ ਦੇ ਗ੍ਰਾਮੀਣ ਸਸ਼ਕਤੀਕਰਨ ਅਤੇ ਸ਼ਾਸਨ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰੇਗੀ। ਇਸ ਮੌਕੇ ਪ੍ਰਧਾਨ ਮੰਤਰੀ ਮੋਦੀ ਨੇ ਸਵਾਮਿਤਵ ਯੋਜਨਾ ਦੇ ਵੱਖ ਵੱਖ ਲਾਭਪਾਤਰੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਤਜਰਬਿਆਂ ਨੂੰ ਜਾਣਿਆ । ਇਸ ਮੌਕੇ 'ਤੇ ਸ੍ਵਾਮੀਤਵ ਯੋਜਨਾ ਤਹਿਤ ਤਕਰੀਬਨ 2 ਕਰੋੜ 25 ਲਖ ਸੰਪਤੀ ਕਾਰਡ ਨੂੰ

ਤਿਆਰ ਕਰਨਾ ਅਤੇ ਇੱਕ ਦਿਨ ਵਿਚ 65 ਲੱਖ ਪ੍ਰਾਪਰਟੀ ਕਾਰਡਾਂ ਦੀ ਵੰਡ, ਇੱਕ ਵੱਡੇ ਮੀਲ ਪੱਥਰ ਦੀ ਪ੍ਰਾਪਤੀ ਨੂੰ ਵੀ ਦਰਸਾਉਂਦਾ ਏ । ਪੰਜਾਬ ਵਿੱਚ ਗੁਰਦਾਸਪੁਰ, ਬਠਿੰਡਾ, ਸੰਗਰੂਰ ਅਤੇ ਰੋਪੜ ਵਿੱਚ 17 ਹਜ਼ਾਰ ਲੋਕਾਂ ਨੂੰ ਸੰਪਤੀ ਕਾਰਡ ਵੰਡੇ ਗਏ ਨੇ । ਰੋਪੜ ਵਿੱਚ ਇਸ ਪ੍ਰੋਗਰਾਮ ਦੀ ਪ੍ਰਧਾਨਗੀ, ਕੇਂਦਰੀ ਮਕਾਨ ਉਸਾਰੀ ਅਤੇ ਸ਼ਹਿਰੀ ਮਾਮਲਿਆਂ ਬਾਰੇ ਮੰਤਰੀ ਮਨੋਹਰ ਲਾਲ ਖੱਟਰ ਨੇ ਕੀਤੀ । ਇਸ ਸ੍ਵਾਮੀਤਵ ਯੋਜਨਾ ਦੀ ਸ਼ੁਰੂਆਤ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵਲੋਂ 24 ਅਪ੍ਰੈਲ 2020 ਨੂੰ ਰਾਸ਼ਟਰੀ ਪੰਚਾਇਤੀ ਰਾਜ ਦਿਵਸ 'ਤੇ ਕੀਤੀ ਗਈ ਸੀ । ਇਸ ਦਾ ਉਦੇਸ਼ ਪੇਂਡੂ ਅਬਾਦੀ ਖੇਤਰਾਂ ਵਿੱਚ ਜਾਇਦਾਦ ਦੇ ਮਾਲਕਾਂ ਨੂੰ "ਅਧਿਕਾਰ ਦਾ ਰਿਕਾਰਡ" ਪ੍ਰਦਾਨ ਕਰਨਾ ਏ ।

----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਆਕਾਸ਼ਵਾਣੀ 'ਤੇ 'ਮਨ ਕੀ ਬਾਤ' ਪ੍ਰੋਗਰਾਮ 'ਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਨਗੇ । ਇਹ ਹਰ ਮਹੀਨੇ ਪ੍ਰਸਾਰਿਤ ਹੋਣ ਵਾਲੇ ਇਸ ਰੇਡੀਓ ਪ੍ਰੋਗਰਾਮ ਦਾ 118ਵਾਂ ਐਪੀਸੋਡ ਹੋਵੇਗਾ । ਇਸ ਦਾ ਪ੍ਰਸਾਰਣ

ਆਕਾਸ਼ਵਾਣੀ ਅਤੇ ਦੂਰਦਰਸ਼ਨ ਦੇ ਸਮੁਚੇ ਨੈੱਟਵਰਕ, ਆਕਾਸ਼ਵਾਣੀ ਖਬਰਾਂ ਦੀ ਵੈੱਬਸਾਈਟ ਅਤੇ News on air ਮੋਬਾਈਲ ਐਪ 'ਤੇ ਕੀਤਾ ਜਾਵੇਗਾ । ਇਹ ਪ੍ਰੋਗਰਾਮ ,ਆਕਾਸ਼ਵਾਣੀ ਖਬਰਾਂ, ਡੀਡੀ ਨਿਊਜ਼, ਪ੍ਰਧਾਨ ਮੰਤਰੀ ਦੇ ਦਫਤਰ ਅਤੇ ਸੂਚਨਾ ਤੇ ਪ੍ਰਸਾਰਨ ਮੰਤਰਾਲੇ ਦੇ ਯੂਟਿਊਬ ਚੈਨਲਾਂ 'ਤੇ ਵੀ ਸਿੱਧਾ ਪ੍ਰਸਾਰਿਤ ਕੀਤਾ ਜਾਵੇਗਾ। ਆਕਾਸ਼ਵਾਣੀ, ਹਿੰਦੀ ਪ੍ਰਸਾਰਣ ਤੋਂ ਤੁਰੰਤ ਬਾਅਦ, ਮਨ ਕੀ ਬਾਤ ਪ੍ਰੋਗਰਾਮ ਨੂੰ, ਖੇਤਰੀ ਭਾਸ਼ਾਵਾਂ ਵਿੱਚ ਪ੍ਰਸਾਰਿਤ ਕਰੇਗਾ।

---------------------------------------------------------------

ਸੰਸਦ ਦਾ ਬਜਟ ਇਜਲਾਸ 31 ਜਨਵਰੀ ਤੋਂ ਸ਼ੁਰੂ ਹੋਵੇਗਾ । ਇਜਲਾਸ ਦੇ ਪਹਿਲੇ ਦਿਨ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਲੋਕ ਸਭਾ ਅਤੇ ਰਾਜ ਸਭਾ ਦੀ ਸਾਂਝੀ ਬੈਠਕ ਨੂੰ ਸੰਬੋਧਨ ਕਰਨਗੇ । ਵਿੱਤ ਮੰਤਰੀ ਨਿਰਮਲਾ ਸੀਤਾਰਮਨ ਪਹਿਲੀ ਫਰਵਰੀ ਨੂੰ ਕੇਂਦਰੀ ਬਜਟ ਪੇਸ਼ ਕਰਨਗੇ। ਬਜਟ ਇਜਲਾਸ ਦਾ ਪਹਿਲਾ ਗੇੜ 13 ਫਰਵਰੀ ਤੱਕ ਚੱਲੇਗਾ, ਜਦਕਿ ਦੂਜਾ ਗੇੜ 10 ਮਾਰਚ ਤੋਂ 4 ਅਪ੍ਰੈਲ ਤੱਕ ਚੱਲੇਗਾ।

---

ਪੰਜਾਬ ਪੁਲਿਸ ਨੇ ਬੀਤੇ ਦਿਨੀ ਭਾਰਤੀ ਸੰਵਿਧਾਨ ਦੀ ਧਾਰਾ 21 ਦੇ ਉਪਬੰਧਾਂ ਦੀਆਂ ਬਾਰੀਕੀਆਂ ’ਤੇ ਇੱਕ ਰੋਜ਼ਾ ਵਰਕਸ਼ਾਪ ਕਰਵਾਈ, ਜੋ ਵੱਖ-ਵੱਖ ਅਦਾਲਤਾਂ ਦੇ ਫੈਸਲਿਆਂ ਖਾਸ ਕਰਕੇ ਸਰਵਉੱਚ ਅਦਾਲਤ ਦੇ ਫੈਸਲਿਆਂ ਵਿੱਚ ਇਸ ਧਾਰਾ ਦੇ ਦਾਇਰੇ ’ਤੇ ਕੇਂਦਰਿਤ ਸੀ । ਰਾਸ਼ਟਰੀ ਨਿਆਂਇਕ ਅਕਾਦਮੀ ਦੇ ਸਾਬਕਾ ਡਾਇਰੈਕਟਰ ਅਤੇ ਇੱਕ ਪ੍ਰਸਿੱਧ ਕਾਨੂੰਨੀ ਵਿਦਵਾਨ ਡਾ. ਬਲਰਾਮ ਗੁਪਤਾ ਨੇ ਇਸ ਧਾਰਾ ਦੇ ਦਾਇਰੇ ਦੇ ਵਿਸਥਾਰ ’ਤੇ ਅਧਾਰਿਤ ਅਹਿਮ ਜਾਣਕਾਰੀ ਸਾਂਝੀ ਕੀਤੀ। ਡਾ. ਗੁਪਤਾ ਦੇ ਭਾਸ਼ਣ ਨੇ ਪੁਲਿਸਿੰਗ ਦੇ ਸਿਲਸਿਲੇ ਵਿੱਚ ਮੌਲਿਕ ਅਧਿਕਾਰਾਂ ਨੂੰ ਬਰਕਰਾਰ ਰੱਖਣ ਦੀ ਮਹੱਤਤਾ ’ਤੇ ਜ਼ੋਰ ਦਿੱਤਾ । ਉਨ੍ਹਾਂ ਕਿਹਾ ਕਿ ਇਹ ਉਪਬੰਧ, ਲੋਕਾਂ ਦੇ ਜੀਵਨ ਅਤੇ ਨਿੱਜੀ ਆਜ਼ਾਦੀ ਦੀ ਸੁਰੱਖਿਆ ਦੇ ਮਾਮਲੇ ਵਿੱਚ ਬਹੁਤ ਮਹੱਤਵਪੂਰਨ ਏ । ਉਨ੍ਹਾਂ ਕਿਹਾ ਕਿ ਪੁਲਿਸ, ਸੰਵਿਧਾਨ ਵਿੱਚ ਦਰਸਾਏ ਲੋਕਾਂ ਦੇ ਅਧਿਕਾਰਾਂ ਨੂੰ ਬਰਕਰਾਰ ਰੱਖਣ ਅਤੇ ਹੋਰ ਅਹਿਮ ਮਾਮਲਿਆਂ ਵਿੱਚ ਮਹੱਤਵਪੂਰਨ ਸੰਵਿਧਾਨਕ ਫਰਜ਼ ਨਿਭਾਉਂਦੀ ਏ । ਇਸ ਮੌਕੇ ਪੰਜਾਬ ਪੁਲਿਸ ਮੁਖੀ

ਗੌਰਵ ਯਾਦਵ ਨੇ ਕਿਹਾ ਕਿ ਪੰਜਾਬ ਪੁਲਿਸ ਇਸੇ ਤਰ੍ਹਾਂ ਦੀਆਂ ਵਰਕਸ਼ਾਪਾਂ ਅਤੇ ਸਿਖਲਾਈ ਪ੍ਰੋਗਰਾਮਾਂ ਦਾ ਆਯੋਜਨ ਜਾਰੀ ਰੱਖੇਗੀ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਸਾਡੇ ਅਧਿਕਾਰੀ ਆਪਣੇ ਫਰਜ਼ਾਂ ਨੂੰ ਨਿਰਪੱਖਤਾ ਅਤੇ ਤਨਦੇਹੀ ਨਾਲ ਨਿਭਾਉਣ ਲਈ ਜ਼ਰੂਰੀ ਗਿਆਨ ਅਤੇ ਹੁਨਰਾਂ ਨਾਲ ਲੈਸ ਰਹਿਣ।

---------------------------------------------------

ਪੰਜਾਬ ਦੇ ਜਲ ਸਰੋਤ ਵਿਭਾਗ ਵੱਲੋਂ ਫ਼ਰੀਦਕੋਟ ਸ਼ਹਿਰ ਵਿੱਚ ਸਰਹਿੰਦ ਫੀਡਰ ਨਹਿਰ ਦੀ 10 ਕਿਲੋਮੀਟਰ ਲੰਬਾਈ ਦੀ ਮੁੜ ਉਸਾਰੀ ਦਾ ਕੰਮ ਜਨਵਰੀ- ਫਰਵਰੀ ਵਿਚ ਕੀਤਾ ਜਾਣਾ ਏ । ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਕਿ ਸਰਹਿੰਦ ਫੀਡਰ ਇਕ ਬਹੁਤ ਮਹੱਤਵਪੂਰਣ ਨਹਿਰ ਏ ਜਿਸ ਰਾਹੀਂ ਪੰਜਾਬ ਦੇ ਦੱਖਣ-ਪੱਛਮ ਜਿਲ੍ਹਿਆਂ ਨੂੰ ਸਿੰਜਾਈ ਅਤੇ ਪੀਣ ਦਾ ਪਾਣੀ ਮੁਹਈਆ ਕਰਵਾਇਆ ਜਾਂਦਾ ਏ । ਇਸ ਨਹਿਰ ਦੀ ਉਸਾਰੀ ਨੂੰ ਲਗਭਗ 60 ਸਾਲ ਦਾ ਸਮਾਂ ਬੀਤ ਚੁੱਕਾ ਏ । ਇੰਨ੍ਹੇ ਸਾਲਾਂ ਵਿੱਚ ਲਗਾਤਾਰ ਨਹਿਰ ਵਿਚ ਪਾਣੀ ਚੱਲਣ ਕਾਰਨ ਨਹਿਰ ਦੀ ਇੱਟਾਂ ਦੀ ਲਾਈਨਿੰਗ ਕਾਫ਼ੀ ਕਮਜ਼ੋਰ ਅਤੇ ਖਸਤਾ ਹੋ

ਗਈ ਏ  ਜਿਸ ਕਾਰਨ ਇਹ ਨਹਿਰ ਪੀਕ ਸੀਜ਼ਨ ਦੌਰਾਨ ਆਪਣੀ ਸਮਰੱਥਾ ਅਨੁਸਾਰ ਪਾਣੀ ਨਹੀਂ ਲੈ ਪਾ ਰਹੀ  ਅਤੇ ਪਾਣੀ ਨਹਿਰ ਦੇ ਕੰਢਿਆਂ ਤੱਕ ਚਲਦਾ ਏ , ਜਿਸ ਕਾਰਨ ਉਸ ਸਮੇਂ ਦੌਰਾਨ ਹਰ ਵਕਤ ਲੋਕਾਂ ਦੀ ਜਾਨ ਮਾਲ ਦੇ ਨੁਕਸਾਨ ਦਾ ਡਰ ਬਣਿਆ ਰਹਿੰਦਾ ਏ । ਉਨ੍ਹਾਂ ਕਿਹਾ ਕਿ ਇਹ ਨਹਿਰ ਦੀ ਫ਼ਰੀਦਕੋਟ ਸ਼ਹਿਰ ਵਿੱਚ ਹਾਲਤ ਬਹੁਤ ਖਸਤਾ ਹੋਣ ਕਾਰਨ ਇਸ ਖੇਤਰ ਵਿਚ ਲੋੜ ਅਨੁਸਾਰ ਪਾਣੀ ਨਹੀਂ ਪਹੁਚ ਰਿਹਾ ਏ  ਜਿਸ ਨਾਲ ਇਸ ਜਗ੍ਹਾ ਦੀ ਜ਼ਿਆਦਾਤਰ ਆਬਾਦੀ ਪ੍ਰਭਾਵਿਤ ਹੋ ਰਹੀ ਏ । ਉਨ੍ਹਾਂ ਦੱਸਿਆ ਕਿ ਕਿਸੇ ਵੀ ਨਹਿਰ ਤੋਂ ਧਰਤੀ ਵਿਚ ਸੀਪੇਜ ਨਹਿਰ ਦੇ ਬੈਂਡ ਰਾਹੀਂ ਹੁੰਦੀ ਹੈ ਅਤੇ ਸਾਈਡਾਂ ਤੋਂ ਸੀਪੇਜ ਦਾ ਪ੍ਰਭਾਵ ਨਾਮਾਤਰ ਹੁੰਦਾ ਹੈ। ਉਨ੍ਹਾਂ ਦੱਸਿਆ ਕਿ ਨਹਿਰ ਦੀ ਉਸਾਰੀ ਦੌਰਾਨ ਘੱਟ ਤੋਂ ਘੱਟ ਰੁੱਖਾਂ ਨੂੰ ਨੁਕਸਾਨ ਪਹੁੰਚਾਉਣਾ ਮਹਿਕਮੇ ਦੀ ਤਜਵੀਜ਼ ਹੋਵੇਗੀ ਅਤੇ ਜਿਹੜੇ ਵੀ ਦਰਖਤਾਂ ਦਾ ਨੁਕਸਾਨ ਹੋਵੇਗਾ, ਉਨ੍ਹਾਂ ਦੀ ਮਹਿਕਮੇ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦਸ ਗੁਣਾ ਵੱਧ ਨਵੇਂ ਰੁੱਖ ਲਗਾ ਕੇ ਭਰਪਾਈ ਕੀਤੀ ਜਾਵੇਗੀ।

---

ਕੇਂਦਰੀ ਸਿਵਲ ਸੇਵਾਵਾਂ ਤੇ ਸਭਿਆਚਰਕ ਬੋਰਡ ਵੱਲੋਂ ਮਰਦਾਂ ਤੇ ਔਰਤਾਂ ਦੇ ਆਲ ਇੰਡੀਆ ਸਰਵਿਸਜ਼ ਸਤਰੰਜ ਟੂਰਨਾਮੈਂਟ 5 ਤੋਂ 13 ਫਰਵਰੀ ਤੱਕ ਗੋਆ ਵਿਖੇ ਕਰਵਾਏ ਜਾਣਗੇ । ਪੰਜਾਬ ਦੀਆਂ ਟੀਮਾਂ ਲਈ ਟਰਾਇਲ 20 ਜਨਵਰੀ ਨੂੰ ਖੇਡ ਸਟੇਡੀਅਮ ਮੁਹਾਲੀ ਵਿਖੇ ਸਵੇਰੇ 10 ਵਜੇ ਲਏ ਜਾਣਗੇ। ਖੇਡ ਵਿਭਾਗ ਦੇ ਬੁਲਾਰੇ ਨੇ ਦੱਸਿਆ ਕਿ ਇਨ੍ਹਾਂ ਟਰਾਇਲਾਂ ਵਿੱਚ ਵੱਖ-ਵੱਖ ਵਿਭਾਗਾਂ ਦੇ ਸਰਕਾਰੀ ਮੁਲਾਜ਼ਮ ਆਪਣੇ ਵਿਭਾਗਾਂ ਪਾਸੋਂ ਐਨ.ਓ.ਸੀ. ਪ੍ਰਾਪਤ ਕਰਨ ਉਪਰੰਤ ਹੀ ਹਿੱਸਾ ਲੈ ਸਕਦੇ ਨੇ । ਇਸ ਟੂਰਨਾਮੈਂਟ ਵਿੱਚ ਆਉਣ ਤੇ ਜਾਣ, ਰਹਿਣ ਅਤੇ ਖਾਣ-ਪੀਣ ਤੇ ਆਉਣ ਵਾਲੇ ਖਰਚੇ ਦੀ ਅਦਾਇਗੀ ਖਿਡਾਰੀ ਵੱਲੋਂ ਨਿੱਜੀ ਤੌਰ ਉਤੇ ਕੀਤੀ ਜਾਵੇਗੀ।

---

ਪੰਜਾਬ ਵਿੱਚ ਅੱਜ ਧੁੰਦ ਨੂੰ ਲੈ ਕੇ ਅਲਰਟ ਜਾਰੀ ਕੀਤਾ ਗਿਆ ਏ । ਧੁੰਦ ਦੇ ਨਾਲ-ਨਾਲ ਕਈ ਇਲਾਕਿਆਂ ਵਿੱਚ ਸ਼ੀਤ ਲਹਿਰ ਦੀ ਵੀ ਚਿਤਾਵਨੀ ਜਾਰੀ ਕੀਤੀ ਗਈ ਏ । ਤਾਪਮਾਨ ਵਿੱਚ ਲਗਭਗ ਇਕ ਡਿਗਰੀ ਦੇ

ਵਾਧੇ ਨਾਲ ਲੋਕਾਂ ਨੂੰ ਸ਼ੀਤ ਲਹਿਰ ਤੋਂ ਹਲਕੀ ਰਾਹਤ ਮਿਲੀ । ਮੌਸਮ ਵਿਭਾਗ ਦੇ ਅਨੁਸਾਰ, ਆਉਣ ਵਾਲੇ 48 ਘੰਟਿਆਂ ਵਿੱਚ ਪੰਜਾਬ ਦੇ ਤਾਪਮਾਨ ਵਿੱਚ ਵੱਡਾ ਬਦਲਾਅ ਦੇਖਣ ਨੂੰ ਨਹੀਂ ਮਿਲੇਗਾ। ਪਰ ਉਸ ਤੋਂ ਬਾਅਦ ਪੰਜਾਬ ਦੇ ਤਾਪਮਾਨ ਵਿੱਚ 2 ਤੋਂ 3 ਡਿਗਰੀ ਤੱਕ ਦਾ ਵਾਧਾ ਹੋ ਸਕਦਾ ਏ । ਅੰਮ੍ਰਿਤਸਰ, ਤਰਨਤਾਰਨ, ਕਪੂਰਥਲਾ, ਜਲੰਧਰ, ਲੁਧਿਆਣਾ, ਬਰਨਾਲਾ, ਮਾਨਸਾ, ਸੰਗਰੂਰ, ਪਟਿਆਲਾ ਅਤੇ ਮਲੇਰਕੋਟਲਾ ਵਿੱਚ ਧੁੰਦ ਨੂੰ ਲੈ ਕੇ ਓਰੇਜ ਅਲਰਟ  ਜਦੋਂ ਕਿ ਹੋਰ ਸਾਰੇ ਜ਼ਿਲ੍ਹਿਆਂ ਵਿੱਚ ਧੁੰਦ ਲਈ ਯੇਲੋ ਅਲਰਟ ਜਾਰੀ ਕੀਤਾ ਗਿਆ ਏ । ਮੌਸਮ ਵਿਭਾਗ ਦੇ ਅਨੁਸਾਰ  21 ਤੇ 22 ਜਨਵਰੀ ਨੂੰ ਪੰਜਾਬ ਦੇ ਕੁਝ ਇਲਾਕਿਆਂ ਵਿੱਚ ਮੀਂਹ ਪੈਣ ਦੇ ਅਸਾਰ ਨੇ ।

-----------------------------------------------------

ਖੋ-ਖੋ ਵਿਸ਼ਵ ਕੱਪ ਵਿੱਚ, ਮੇਜ਼ਬਾਨ ਭਾਰਤ ਦੀਆਂ ਮਰਦ ਅਤੇ ਮਹਿਲਾ ਟੀਮਾਂ ਸੈਮੀ-ਫਾਈਨਲ ਵਿੱਚ ਪਹੁੰਚ ਗਈਆਂ ਨੇ । ਨਵੀਂ ਦਿੱਲੀ ਦੇ ਇੰਦਰਾ ਗਾਂਧੀ ਇਨਡੋਰ ਸਟੇਡੀਅਮ 'ਚ ਅੱਜ ਭਾਰਤੀ ਮਰਦ ਅਤੇ ਮਹਿਲਾ ਟੀਮਾਂ ਸੈਮੀਫਾਈਨਲ 'ਚ ਆਪਣੇ-ਆਪਣੇ ਮੈਚਾਂ 'ਚ ਦੱਖਣੀ

ਅਫਰੀਕਾ ਖਿਲਾਫ ਖੇਡਣਗੀਆਂ। ਔਰਤਾਂ ਦਾ ਮੈਚ ਸ਼ਾਮ 7 ਵਜੇ ਤੋਂ ਖੇਡਿਆ ਜਾਵੇਗਾ, ਜਦਕਿ ਮਰਦਾਂ ਦਾ ਸੈਮੀਫਾਈਨਲ ਰਾਤ ਸਵਾ 8 ਵਜੇ ਸ਼ੁਰੂ ਹੋਵੇਗਾ। ਦੂਜੇ ਮਹਿਲਾ ਸੈਮੀਫਾਈਨਲ 'ਚ ਨੇਪਾਲ ਦਾ ਮੁਕਾਬਲਾ ਸ਼ਾਮ ਸਾਢੇ 4 ਵਜੇ ਯੂਗਾਂਡਾ ਨਾਲ ਹੋਵੇਗਾ। ਇਸ ਤੋਂ ਬਾਅਦ ਮਰਦਾਂ ਦੇ ਦੂਜੇ ਸੈਮੀ-ਫਾਈਨਲ 'ਚ ਨੇਪਾਲ ਦਾ ਮੁਕਾਬਲਾ ਈਰਾਨ ਨਾਲ ਹੋਵੇਗਾ।